# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 11-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਤ ਭਾਰਤ ਯੁਵਾ ਨੇਤਾ ਸੰਵਾਦ, ਦੇਸ਼ ਦੀ ਵਿਕਾਸ ਯਾਤਰਾ ਵਿੱਚ, ਨੌਜਵਾਨਾਂ ਨੂੰ ਸ਼ਾਮਲ ਕਰਨ ਲਈ ਇੱਕ ਵਿਲੱਖਣ ਪਹਿਲ ਏ ।
- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੇਸ਼ ਵਿੱਚ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ, ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਠੋਸ ਉਪਰਾਲੇ ਕਰਨ ਦਾ ਸੱਦਾ ਦਿੱਤਾ।
- ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਦਿਵਿਆਂਗਜਨਾਂ ਦੀ ਪਹੁੰਚ ਤੱਕ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼ ।
- ਰਾਸ਼ਟਰ ਨਾਇਕਾਂ ਨੂੰ ਸਮਰਪਿਤ ਐਨ.ਸੀ.ਸੀ. ਸਾਈਕਲ ਰੈਲੀ ਦਾ ਜਲੰਧਰ ਪਹੁੰਚਣ 'ਤੇ ਭਰਵਾਂ ਸਵਾਗਤ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ  ਵਿਚ ਕਈ ਥਾਈਂ ਮੀਂਹ ਅਤੇ ਧੁੰਦ ਪੈਣ ਦੀ ਕੀਤੀ ਪੇਸ਼ਿਨਗੋਈ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਤ ਭਾਰਤ ਯੁਵਾ ਨੇਤਾ ਸੰਵਾਦ, ਦੇਸ਼ ਦੀ ਵਿਕਾਸ ਯਾਤਰਾ ਵਿੱਚ ਦੇਸ਼ ਦੇ ਨੌਜਵਾਨਾਂ ਨੂੰ ਸ਼ਾਮਲ ਕਰਨ ਲਈ ਇੱਕ ਵਿਲੱਖਣ ਪਹਿਲ ਏ। ਸ਼੍ਰੀ ਮੋਦੀ ਨੇ ਅੱਜ ਰਾਸ਼ਟਰੀ ਯੁਵਾ ਉਤਸਵ-2025 ਅਤੇ ਵਿਕਸਤ ਭਾਰਤ ਯੁਵਾ ਨੇਤਾ ਸੰਵਾਦ 'ਤੇ ਯੁਵਾ ਅਤੇ ਖੇਡ ਰਾਜ ਮੰਤਰੀ ਰਕਸ਼ਾ ਖੜਸੇ ਦੁਆਰਾ ਲਿਖਿਆ ਇੱਕ ਲੇਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼, ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ, ਨੌਜਵਾਨ ਦਿਮਾਗਾਂ ਦੀ ਊਰਜਾ, ਰਚਨਾਤਮਕਤਾ ਅਤੇ ਅਗਵਾਈ ਨੂੰ ਦਿਸ਼ਾ ਪ੍ਰਦਾਨ ਕਰਨਾ ਏ। ਪ੍ਰਧਾਨ ਮੰਤਰੀ ਮੋਦੀ ਭਲਕੇ ਰਾਸ਼ਟਰੀ ਯੁਵਾ ਦਿਵਸ 'ਤੇ ਦਿੱਲੀ 'ਚ ਵਿਕਸਤ ਭਾਰਤ ਯੁਵਾ ਆਗੂ ਸੰਵਾਦ 'ਚ ਤਿੰਨ ਹਜ਼ਾਰ ਨੌਜਵਾਨ ਨੇਤਾਵਾਂ ਨਾਲ ਗੱਲਬਾਤ ਕਰਨਗੇ। ਇਸ ਮੌਕੇ ਸ਼੍ਰੀ ਮੋਦੀ ਜਨ ਸਭਾ ਨੂੰ ਵੀ ਸੰਬੋਧਨ ਕਰਨਗੇ।

------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਸਾਲ 2024 ਵਿੱਚ, 16 ਹਜ਼ਾਰ 900 ਕਰੋੜ ਰੁਪਏ ਤੋਂ ਵੱਧ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ ਨੇ। ਆਜ਼ਾਦੀ ਤੋਂ ਬਾਅਦ ਇਹ ਸਭ ਤੋਂ ਵੱਡਾ ਅੰਕੜਾ ਏ। ਅੱਜ ਨਵੀਂ ਦਿੱਲੀ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਰਾਸ਼ਟਰੀ ਸੁਰੱਖਿਆ ਬਾਰੇ ਖੇਤਰੀ ਕਾਨਫਰੰਸ ਦੀ ਪ੍ਰਧਾਨਗੀ ਕਰਦਿਆਂ, ਅਮਿਤ ਸ਼ਾਹ ਨੇ ਕਿਹਾ ਕਿ ਕਰੀਬ 24 ਲੱਖ ਕਿਲੋਗ੍ਰਾਮ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ ਨੇ , ਜਦੋਂ ਕਿ ਪਿਛਲੇ 10 ਸਾਲਾਂ ਵਿੱਚ 56 ਹਜ਼ਾਰ 800 ਕਰੋੜ ਰੁਪਏ ਤੋਂ ਵੱਧ ਦੇ ਨਸ਼ੀਲੇ ਪਦਾਰਥਾਂ ਨੂੰ ਨਸ਼ਟ ਕੀਤਾ ਗਿਆ ਏ।

**BYTE**

ਪ੍ਰੋਗਰਾਮ ਦੌਰਾਨ, ਗ੍ਰਹਿ ਮੰਤਰੀ ਨੇ ਡਰੱਗ ਡਿਸਪੋਜ਼ਲ ਪੰਦਰਵਾੜੇ ਅਤੇ ਮਾਨਸ-2 ਹੈਲਪਲਾਈਨ ਦੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਲਈ ਵਿਸਤਾਰ ਦਾ ਉਦਘਾਟਨ ਕੀਤਾ। ਮੰਤਰੀ ਨੇ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਭੋਪਾਲ ਖੇਤਰੀ ਇਕਾਈ ਦੇ ਨਵੇਂ ਦਫਤਰ ਦਾ

ਉਦਘਾਟਨ ਵੀ ਕੀਤਾ। ਨਸ਼ਾ ਵਿਰੋਧੀ ਪੰਦਰਵਾੜਾ ਅੱਜ ਤੋਂ ਸ਼ੁਰੂ ਹੋ ਕੇ 25 ਜਨਵਰੀ ਤੱਕ ਚੱਲੇਗਾ। ਇਸ ਦੌਰਾਨ 2 ਹਜ਼ਾਰ 411 ਕਰੋੜ ਰੁਪਏ ਦੇ ਕੁੱਲ 44 ਹਜ਼ਾਰ 792 ਕਿਲੋਗ੍ਰਾਮ ਨਸ਼ੀਲੇ ਪਦਾਰਥਾਂ ਨੂੰ ਨਸ਼ਟ ਕੀਤਾ ਜਾਵੇਗਾ।

-----------------------------------------------

ਅਯੁੱਧਿਆ ਦੇ ਸ੍ਰੀ ਰਾਮ ਜਨਮ ਭੂਮੀ ਮੰਦਰ 'ਚ, ਰਾਮਲਲਾ ਪ੍ਰਤਿਸ਼ਠਾ ਦੀ ਪਹਿਲੀ ਵਰ੍ਹੇਗੰਢ 'ਤੇ ਤਿੰਨ ਰੋਜ਼ਾ ਪ੍ਰਤਿਸ਼ਠਾ ਦ੍ਵਾਦਸ਼ੀ ਉਤਸਵ ਅੱਜ ਸ਼ੁਰੂ ਹੋ ਗਿਆ। ਇਸ ਮੌਕੇ ਸ੍ਰੀ ਰਾਮ ਮੰਦਰ ਨੂੰ 50 ਕੁਇੰਟਲ ਤੋਂ ਵੱਧ ਫੁੱਲਾਂ ਨਾਲ ਸਜਾਇਆ ਗਿਆ ਏ। ਸਾਡੇ ਪੱਤਰਕਾਰ ਨੇ ਦੱਸਿਆ ਕਿ ਰਾਮਲਲਾ ਦਾ ਪੰਚਾਮ੍ਰਿਤ ਅਤੇ ਸਰਯੂ ਜਲ ਨਾਲ ਅਭਿਸ਼ੇਕ ਕੀਤਾ ਗਿਆ ਅਤੇ 56 ਪਕਵਾਨਾਂ ਦਾ ਪ੍ਰਸ਼ਾਦ ਚੜ੍ਹਾਇਆ ਗਿਆ ਅਤੇ ਮਹਾ ਆਰਤੀ ਵੀ ਕੀਤੀ ਗਈ। ਇਸ ਲਈ ਦੇਸ਼ ਅਤੇ ਦੁਨੀਆ ਭਰ ਤੋਂ ਸ਼ਰਧਾਲੂ ਰਾਮਲਲਾ ਦੇ ਦਰਬਾਰ 'ਚ ਪਹੁੰਚ ਚੁੱਕੇ ਨੇ। ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਤਿੰਨ ਦਿਨਾਂ ਪ੍ਰਤੀਸਥਾ ਦਵਾਦਸ਼ੀ ਉਤਸਵ ਦਾ ਉਦਘਾਟਨ ਕੀਤਾ। ਪਹਿਲੀ ਵਰੇਗੰਢ ਦੇ ਦੇ ਮੱਦੇਨਜ਼ਰ ਤਿੰਨੋਂ ਦਿਨ

ਦਰਸ਼ਨਾਂ ਲਈ ਕੋਈ ਪਾਸ ਨਹੀਂ ਬਣਾਇਆ ਜਾਵੇਗਾ ਤਾਂਜੋ  ਵੱਧ ਤੋਂ ਵੱਧ ਲੋਕ ਰਾਮਲਲਾ ਦੇ ਦਰਸ਼ਨ ਕਰ ਸਕਣ। ਇਸ ਦਾ ਦੂਰਦਰਸ਼ਨ 'ਤੇ ਸਿੱਧਾ ਪ੍ਰਸਾਰਣ ਕੀਤਾ ਜਾ ਰਿਹਾ ਏ। ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ।

---------------------------------------------------------

ਏਧਰ  ਗੁਰਦਾਸਪੁਰ ਵਿਚ ਸ਼੍ਰੀ ਸਨਾਤਨ ਜਾਗਰਨ  ਮੰਚ ਵੱਲੋਂ ਅਯੋਧਿਆ ਵਿਖੇ ਸ਼੍ਰੀ ਰਾਮ ਮੰਦਰ ਵਿੱਚ ਮੂਰਤੀ ਸਥਾਪਨਾ ਦੀ ਪਹਿਲੀ ਵਰੇਗੰਢ ਉਤਸ਼ਾਹ ਨਾਲ ਮਨਾਈ ਜਾ ਰਹੀ ਏ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ, ਇਸ ਯਾਤਰਾ ਵਿੱਚ ਗੁਰਦਾਸਪੁਰ ਦੇ ਹਿੰਦੂ ਸੰਗਠਨਾਂ ਵੀ ਵੱਡੀ ਗਿਣਤੀ ਵਿੱਚ ਹਿੱਸਾ ਲਿਆ।

---------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ. ਬਲਜੀਤ ਕੌਰ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਦਿਵਿਆਂਗਜਨਾਂ ਦੀ ਪਹੁੰਚ ਤੱਕ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ। ਪੰਜਾਬ ਭਵਨ ਵਿਖੇ ਹੋਈ ਪੰਜਾਬ ਰਾਜ ਸਲਾਹਕਾਰ

ਬੋਰਡ ਦੀ ਉੱਚ ਪੱਧਰੀ ਮੀਟਿੰਗ ਵਿੱਚ ਮੰਤਰੀ ਨੇ ਅਧਿਕਾਰੀਆਂ ਨੂੰ , ਦਿਵਿਆਂਗਜਨਾਂ ਦੀਆਂ ਭਲਾਈ ਸਕੀਮਾਂ ਨੂੰ ਜਮੀਨੀ ਪੱਧਰ ਤੇ ਸਹੀ ਢੰਗ ਨਾਲ ਲਾਗੂ ਕਰਨ ਲਈ ਹੁਕਮ ਦਿੱਤੇ। ਕੈਬਨਿਟ ਮੰਤਰੀ ਨੇ ਸਮੂਹ ਵਿਭਾਗਾਂ ਦੀਆਂ ਸਰਕਾਰੀ ਇਮਾਰਤਾਂ ਨੂੰ ਵਿਘਨ ਰਹਿਤ ਬਣਾਉਣ ਦੇ ਲਈ, ਜ਼ਿਲ੍ਹਾ ਪੱਧਰ ਤੇ ਡਿਪਟੀ ਕਮਿਸ਼ਨਰ ਦੀ ਅਗਵਾਈ ਅਧੀਨ 5 ਮੈਂਬਰੀ ਕਮੇਟੀ ਦਾ ਨੋਟੀਫਿਕੇਸ਼ਨ ਕਰਨ ਦੇ ਲਈ ਵੀ ਸਮਾਜਿਕ ਸੁਰੱਖਿਆ ਵਿਭਾਗ ਨੂੰ ਹਦਾਇਤ ਕੀਤੀ। ਡਾ. ਬਲਜੀਤ ਕੌਰ ਨੇ RPWD ਐਕਟ 2016 ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦਿਵਿਆਂਗਜਨਾ ਨੂੰ ਮਿਲਣ ਵਾਲੇ ਰਾਖਵੇਂਕਰਨ ਨੂੰ ਸੁਰੱਖਿਅਤ ਕਰਨ ਸਬੰਧੀ ਸਖਤੀ ਦੇ ਨਾਲ ਇਹਨਾਂ ਧਾਰਾਵਾਂ ਨੂੰ ਲਾਗੂ ਕਰਨ ਲਈ ਹਦਾਇਤ ਕੀਤੀ । ਮੰਤਰੀ ਨੇ ਖੇਡ ਵਿਭਾਗ ਨੂੰ ਹਦਾਇਤ ਕੀਤੀ ਕਿ ਦਿਵਿਆਂਗ ਖਿਡਾਰੀਆਂ ਨੂੰ ਗ੍ਰੇਡੇਸ਼ਨ ਸਬੰਧੀ ਆਉਣ ਵਾਲੀਆਂ ਮੁਸ਼ਕਲਾਂ ਦਾ ਨਿਪਟਾਰਾ ਪਹਿਲ ਦੇ ਆਧਾਰ ਤੇ ਕੀਤਾ ਜਾਵੇ।

---------------------------------------------------

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਿਨੀਤ ਧੀਰ ਨੂੰ ਜਲੰਧਰ

ਵਿਖੇ ਨਗਰ ਨਿਗਮ ਦੇ ਸਾਰੇ ਨਵੇਂ ਚੁਣੇ ਗਏ ਕੌਂਸਲਰਾਂ ਦੀ ਹਾਜ਼ਰੀ ਵਿੱਚ ਬਹੁਮਤ ਨਾਲ ਨਗਰ ਨਿਗਮ ਜਲੰਧਰ ਦਾ ਮੇਅਰ ਚੁਣ ਲਿਆ ਗਿਆ। ਦੋਨਾਂ ਕੌਂਸਲਰਾਂ ਵੱਲੋਂ ਸ੍ਰੀ ਧੀਰ ਦੇ ਨਾਂ ਦੀ ਤਜਵੀਜ਼ ਬਾਕੀ ਕੌਂਸਲਰਾਂ ਵੱਲੋਂ ਪੇਸ਼ ਕੀਤੀ ਗਈ । ਇਸ ਦੌਰਾਨ ਬਲਬੀਰ ਸਿੰਘ ਢਿੱਲੋਂ ਨੂੰ ਸੀਨੀਅਰ ਡਿਪਟੀ ਮੇਯਰ ਚੁਣ ਲਿਆ ਗਿਆ । ਇਸੇ ਤਰ੍ਹਾਂ ਕੌਂਸਲਰ ਮਲਕੀਤ ਸਿੰਘ ਨੂੰ ਉਨ੍ਹਾਂ ਦੇ ਬਾਅਦ ਡਿਪਟੀ ਮੇਅਰ ਚੁਣਿਆ ਗਿਆ ਕੌਂਸਲਰਾਂ ਵੱਲੋਂ ਨਾਵਾਂ ਦੀ ਤਜਵੀਜ਼ ਕੀਤੀ ਗਈ ਸੀ, ਜਿਸ ਤੋਂ ਬਾਅਦ ਬਹੁਮਤ ਦੀ ਸਹਿਮਤੀ ਲਈ ਗਈ ਸੀ। ਆਮ ਆਦਮੀ ਪਾਰਟੀ ਦੇ ਕੌਂਸਲਰ ਗੁਰਮਿੰਦਰ ਸਿੰਘ ਨੇ ਚੋਣ ਪ੍ਰੀਜ਼ਾਈਡਿੰਗ ਅਫਸਰ ਵਜੋਂ ਕੰਮ ਕੀਤਾ। ਇਸ ਤੋਂ ਪਹਿਲਾਂ ਜਲੰਧਰ ਡਵੀਜ਼ਨ ਦੇ ਕਮਿਸ਼ਨਰ ਅਰੁਣ ਸੇਖੜੀ ਨੇ ਨਵੇਂ ਚੁਣੇ ਮੈਂਬਰਾਂ ਨੂੰ ਅਹੁਦੇ ਅਤੇ ਭੇਦ ਗੁਪਤ ਦੀ ਸਹੁੰ ਚੁਕਾਈ ।

---

ਪੰਜਾਬ ਦੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਵੱਲੋਂ,ਬਠਿੰਡਾ ਖੇਡ ਸਟੇਡੀਅਮ ਵਿਖੇ 14 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਸਮਾਗਮ "ਧੀਆਂ ਦੀ

ਲੋਹੜੀ" ਮਨਾਈ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜਾਇਜ਼ਾ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸਿਆ ਕਿ ਵਿਭਾਗ ਵੱਲੋਂ 'ਬੇਟੀ ਬਚਾਓ ਬੇਟੀ ਪੜਾਓ' ਮੁਹਿੰਮ ਤਹਿਤ ਔਰਤਾਂ ਨੂੰ ਵੱਖ-ਵੱਖ ਕੰਮਾਂ ਸਬੰਧੀ ਜਾਗਰੂਕ ਕਰਨ ਅਤੇ "ਧੀਆਂ ਦੀ ਲੋਹੜੀ" ਮਨਾਉਣ ਲਈ ਕਰਵਾਏ ਜਾਣ ਵਾਲੇ ਇਸ ਸਮਾਗਮ ਦੌਰਾਨ ਨਵ-ਜੰਮੀਆਂ ਬੱਚੀਆਂ ਅਤੇ ਉਨ੍ਹਾਂ ਦੀਆਂ ਮਾਤਾਵਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਮੌਕੇ ਸਵੈ ਸਹਾਇਤਾ ਸਮੂਹ ਚਲਾ ਰਹੀਆਂ ਮਹਿਲਾਵਾਂ ਵੱਲੋਂ ਸਟਾਲ ਲਗਾਏ ਜਾਣਗੇ। ਇਸ ਮੌਕੇ ਔਰਤਾਂ ਨੂੰ ਜਾਗਰੂਕ ਕਰਨ ਲਈ ਨੁੱਕੜ ਨਾਟਕਾਂ ਦੀ ਪੇਸ਼ਕਾਰੀ ਤੋਂ ਇਲਾਵਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੀ ਆਪਣੀਆਂ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ, ਆਪੋ-ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਦੇ ਨਿਰਦੇਸ਼ ਦਿੱਤੇ।

-----------------------------------------------------------

ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਐਨ.ਸੀ.ਸੀ. ਡਾਇਰੈਕਟੋਰੇਟ ਵਲੋਂ ਕਾਰਵਾਈ ਜਾ ਰਹੀ ਐਨ.ਸੀ.ਸੀ. ਸਾਈਕਲ ਰੈਲੀ ਦਾ ਜਲੰਧਰ ਕੈਂਟ ਵਿੱਚ ਜਲੰਧਰ ਐਨ.ਸੀ.ਸੀ. ਗਰੁੱਪ ਵੱਲੋਂ ਵਿਆਪਕ ਸਵਾਗਤ ਕੀਤਾ ਗਿਆ। ਸੇਵਾਮੁਕਤ ਬ੍ਰਿਗੇਡੀਅਰ ਜੋਗਿੰਦਰ ਸਿੰਘ ਜਸਵਾਲ ਨੇ ਰੈਲੀ ਦਾ ਸਵਾਗਤ ਕੀਤਾ ਅਤੇ ਐਨ.ਸੀ.ਸੀ. ਕੈਡਟਾਂ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਵਜ਼ਰ ਜੰਗੀ ਯਾਦਗਾਰ ’ਤੇ ਰੈਲੀ ਦਾ ਸਨਮਾਨ ਕੀਤਾ। ਐਨ.ਸੀ.ਸੀ. ਜਲੰਧਰ ਦੇ ਸੈਨਾ ਮੈਡਲ ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾਰੀ, ਅਤੇ ਹੋਰ ਐਨ.ਸੀ.ਸੀ. ਅਧਿਕਾਰੀਆਂ ਨੇ ਸਾਈਕਲ ਰੈਲੀ ਦੇ ਇੰਚਾਰਜ ਕਰਨਲ ਸੋਮਵੀਰ ਡਾਬਾਸ ਤੇ ਕੈਡਟਸ ਨਾਲ ਮੁਲਾਕਾਤ ਕੀਤੀ। ਵਜ਼ਰ ਜੰਗੀ ਯਾਦਗਾਰ ’ਤੇ ਰਣਬਾਂਕੁਰਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਦਿੱਤੀ। ਇੱਕ ਮਿੰਟ ਦਾ ਮੌਨ ਰੱਖ ਕੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ, ਜਿਨ੍ਹਾਂ ਨੇ 90 ਸਾਲਾਂ ਦੇ ਆਜ਼ਾਦੀ ਸੰਗਰਾਮ ਅਤੇ ਆਜ਼ਾਦੀ ਤੋਂ ਬਾਅਦ ਵੱਖ-ਵੱਖ ਯੁੱਧਾਂ ਵਿੱਚ ਸਰਵਉੱਚ ਬਲੀਦਾਨ ਦਿੱਤਾ । ਬ੍ਰਿਗੇਡੀਅਰ ਅਜੇ ਤਿਵਾਰੀ ਨੇ ਕਿਹਾ ਕਿ

ਰਣਬਾਂਕੁਰਿਆਂ ਦੀ ਸੂਰਵੀਰਤਾ ਅਤੇ ਬਲਿਦਾਨ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਬ੍ਰਿਗੇਡੀਅਰ ਜੋਗਿੰਦਰ ਸਿੰਘ ਜਸਵਾਲ ਨੇ ਰੈਲੀ ਦੇ ਉਦੇਸ਼ ਬਾਰੇ ਦਸਿਆ।

BYTE:

ਜ਼ਿਕਰਯੋਗ ਏ ਕਿ ਬ੍ਰਿਗੇਡੀਅਰ ਜਸਵਾਲ, ਮਾਰਚ 1970 ਵਿੱਚ 9 ਪੰਜਾਬ ਰੈਜੀਮੈਂਟ ਵਿੱਚ ਕਮੀਸ਼ਨ ਹੋਏ ਸਨ। 1971 ਦੇ ਯੁੱਧ ਵਿੱਚ ਸੈਕੰਡ ਲੈਫਟੀਨੈਂਟ ਜੋਗਿੰਦਰ ਨੇ ਰਾਣੀਆ ਸੈਕਟਰ, ਪੰਜਾਬ ਵਿੱਚ ਪਾਕਿਸਤਾਨ ਦੀ 18 ਫਰੰਟੀਅਰ ਫੋਰਸ ਦੁਆਰਾ 9 ਪੰਜਾਬ ਬਟਾਲੀਅਨ ਦੀ ਕੰਪਨੀ ਤੇ ਕੀਤੇ ਕਈ ਹਮਲਿਆਂ ਨੂੰ ਅਸਫਲ ਕੀਤਾ। ਉਨ੍ਹਾਂ ਨੂੰ ਰਾਸ਼ਟਰਪਤੀ ਵੱਲੋਂ ਵੀਰ ਚੱਕਰ ਨਾਲ ਸਨਮਾਨਿਤ ਵੀ ਕੀਤਾ ਗਿਆ। ਸਾਈਕਲ ਰੈਲੀ 7 ਜਨਵਰੀ ਨੂੰ ਫਿਰੋਜ਼ਪੁਰ ਸਥਿਤ ਹੂਸੈਨੀਵਾਲਾ ਜੰਗੀ ਯਾਦਗਾਰ ਤੋਂ ਸ਼ੁਰੂ ਹੋਈ ਰੈਲੀ ਕਲ ਐਨ.ਸੀ.ਸੀ. ਅਕੈਡਮੀ ਰੋਪੜ ਪਹੁੰਚੇਗੀ। ਚੰਡੀਗੜ੍ਹ, ਅੰਬਾਲਾ, ਕੁਰੁਕਸ਼ੇਤਰ, ਹੁੰਦੀ ਹੋਈ 20 ਜਨਵਰੀ ਨੂੰ ਦਿੱਲੀ ਕੈਂਟ ਪਹੁੰਚੇਗੀ।

-----------------------------------------------------------

ਪੰਜਾਬ ਸਰਕਾਰ ਵਲੋਂ ਸੂਬੇ ਦੇ ਵੱਧ ਤੋਂ ਵੱਧ ਖੇਤਰ ਨੂੰ ਹਰਾ ਭਰਾ ਬਣਾਉਣ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਦੇ ਮਕਸਦ ਨਾਲ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਸਾਲ 2024 ਦੌਰਾਨ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਨੇ । ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਇਹ ਜਾਣਕਾਰੀ ਦਿਦਿਆਂ ਦਸਿਆ ਕਿ ਸੂਬਾ ਸਟੇਟ ਅਥਾਰਟੀ ਕੈਂਪਾ ਅਤੇ ਹਰਿਆਲੀ ਪੰਜਾਬ ਮਿਸ਼ਨ ਤਹਿਤ 2 ਲਖ 84 ਹਜ਼ਾਰ ਬੂਟੇ  ਲਗਾਏ ਗਏ ਨੇ । ਇਸ ਤੋਂ ਇਲਾਵਾ 3153.33 ਹੈਕਟੇਅਰ ਰਕਬੇ ਨੂੰ ਜੰਗਲਾਂ ਅਧੀਨ ਲਿਆਂਦਾ ਗਿਆ ਏ । ਵਿਧਾਇਕ  ਨੇ ਦੱਸਿਆ ਕਿ ਗੈਰ-ਜੰਗਲਾਤ ਅਤੇ ਸਰਕਾਰੀ ਜ਼ਮੀਨਾਂ ਵਿੱਚ ਲਗਾਏ ਬੂਟਿਆਂ  ਦੀ ਗੈਰ-ਕਾਨੂੰਨੀ ਕਟਾਈ ਨੂੰ ਰੋਕਣ ਦੇ ਨਾਲ ਨਾਲ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣਾ ਅਤੇ ਵੱਧ ਤੋਂ ਵੱਧ ਬੂਟੇ  ਲਗਾਉਣ ਲਈ ਉਤਸ਼ਾਹਿਤ ਕਰਨ ਵਾਸਤੇ, ਪੰਜਾਬ ਕੈਬਨਿਟ ਵੱਲੋਂ ਵੱਲੋਂ 'ਟ੍ਰੀ ਪ੍ਰੀਜ਼ਰਵੇਸ਼ਨ ਪਾਲਿਸੀ ਫਾਰ ਨਾਨ-ਫਾਰੈਸਟ ਗਵਰਨਮੈਂਟ ਐਂਡ ਪਬਲਿਕ ਲੈਂਡਜ਼-2024' ਨੂੰ ਮੰਜ਼ੂਰੀ ਦਿੱਤੀ

ਗਈ ਏ। ਉਨ੍ਹਾਂ ਨੇ ਦੱਸਿਆ ਕਿ ਪ੍ਰਤੀ ਟਿਊਬਵੈੱਲ ਘੱਟੋ-ਘੱਟ 4 ਬੂਟੇ ਲਗਾਉਣ ਸਬੰਧੀ ਨੀਤੀ ਤਹਿਤ, ਟਿਊਬਵੈੱਲਾਂ 'ਤੇ 28 ਲੱਖ 99 ਹਜ਼ਾਰ ਬੂਟੇ ਲਗਾਏ ਗਏ ਨੇ, 46 ਪਵਿਤਰ ਵਣ ਅਤੇ 268 ਨਾਨਕ ਬਗੀਚੀਆਂ ਵੀ ਸਥਾਪਿਤ ਕੀਤੀਆਂ ਗਈਆਂ ਹਨ।

---------------------------------------------------------------

ਪੰਜਾਬ ਦੇ ਜਿਆਦਾਤਰ ਜਿਲਿਆ ਵਿਚ ਧੁੰਦ ਪੈਣ ਤੇ ਧੁਪ ਨਾ ਨਿਕਲਣ ਕਾਰਨ, ਦਿਨ ਦੇ ਤਾਪਮਾਨ ਵਿਚ 3.7 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ। ਮੌਸਮ ਵਿਭਾਗ ਨੇ ਪੰਜਾਬ ਹਰਿਆਣਾ ਤੇ ਚੰਡੀਗੜ੍ਹ ਵਿਚ ਕਈ ਥਾਈਂ ਮੀਂਹ ਅਤੇ ਧੁੰਦ ਪੈਣ ਸਬੰਧੀ ਅਲਰਟ ਜਾਰੀ ਕੀਤਾ ਏ। ਅੰਮਿਤਸਰ, ਗੁਰਦਾਸਪੁਰ ਤੇ ਤਰਨਤਾਰਨ ਜਿਲਿਆਂ ਵਿਚ ਸੰਘਣੀ ਧੁੰਦ ਪੈਣ ਦਾ ਖ਼ਦਸ਼ਾ ਏ ਤੇ ਦਿਖਤਾ 50 ਮੀਟਰ ਤੋਂ ਘਟ ਸਕਦੀ ਏ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰ ਪਾਲ ਨੇ ਦਸਿਆ।